2024 94 589


# ਰਾਜ ਵਿੱਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ, ਪੰਜਾਬ

ਛੇਵੀਂ ਮੰਜਿਲ, ਬਲਾਕ-ਈ, ਪੰਜਾਬ ਸਕੂਲ ਸਿੱਖਿਆ ਬੋਰਡ ਕੰਪ, ਫੇਜ਼-8,
ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੁਹਾਲੀ), ਫੋਨ ਨੰਬਰ:-0172-2212221


ਵੱਲ

ਸਮੂਹ ਜਿਲ੍ਹਾ ਸਿੱਖਿਆ ਅਫ਼ਸਰ (ਐ.ਸਿ/ਸੈ.ਸਿ)
ਪੰਜਾਬ

ਮੀਮੋ ਨੰ:ਈ 366634/ 734 - 38 ਮਿਤੀ:29.07.2024

ਵਿਸ਼ਾ-: **ਝੋਨੇ ਦੀ ਪਰਾਲੀ ਜਾਂ ਕਣਕ ਦਾ ਨਾੜ ਸਾੜਨ ਦੀ ਸਮੱਸਿਆ ਨੂੰ ਰੋਕਣ ਹਿੱਤ ਕਦਮਾਂ ਬਾਰੇ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ ।

2.0 ਸਿੱਖਿਆ ਵਿਭਾਗ ਦੇ ਸਮੂਹ ਅਧਿਕਾਰੀਆਂ ਕਰਮਚਾਰੀਆਂ ਨੂੰ/ਹਵਾ ਦੇ ਪ੍ਰਦੂਸ਼ਣ ਨੂੰ ਘੱਟ ਕਰਨ ਲਈ , ਹਵਾ ਦੀ ਗੁਣਵਤਾ ਵਿੱਚ ਸੁਧਾਰ ਲਿਆਉਣ ਲਈ , ਫਸਲਾਂ ਦੀ ਰਹਿੰਦ ਖੂੰਹਦ ਸਾੜਨ ਕਰਕੇ ਜੈਵਿਕ ਪਦਾਰਥਾਂ ਦੇ ਵੱਡੀ ਪੱਧਰ ਤੇ ਹੁੰਦੇ ਨੁਕਸਾਨ ਨੂੰ ਰੋਕਣ ਵਾਸਤੇ ਹੇਠ ਲਿਖੇ ਅਨੁਸਾਰ ਹਦਾਇਤਾਂ ਜਾਰੀ ਕੀਤਾਂ ਜਾਂਦੀਆ ਹਨ -:

- ਹਰੇਕ ਕਰਮਚਾਰੀ ਜਿਹੜਾ ਖੇਤੀਬਾੜੀ ਵੀ ਕਰਦਾ ਹੈ ਇਹ ਯਕੀਨੀ ਬਣਾਵੇ ਕਿ ਉਸ ਦੇ ਖੇਤਾਂ ਵਿੱਚ ਪਰਾਲੀ ਨਾੜ ਅਤੇ ਫਸਲਾਂ ਦੀ ਰਹਿੰਦ-ਖੂੰਹਦ ਨਾ ਸਾੜੀ ਜਾਵੇ।
- ਹਰੇਕ ਕਰਮਚਾਰੀ ਫਸਲਾਂ ਦੀ ਰਹਿੰਦ-ਖੂੰਹਦ ਸਾੜੇ ਜਾਣ ਦੇ ਮਾੜੇ ਪ੍ਰਭਾਵ ਅਤੇ ਨੁਕਸਾਨ ਬਾਰੇ ਹੋਰਨਾਂ ਲੋਕਾਂ ਨੂੰ ਦੱਸਦੇ ਹੋਏ ਉਹਨਾਂ ਨੂੰ ਵੀ ਉਤਸ਼ਾਹਿਤ ਕਰੇ ਕਿ ਉਹ ਆਪਣੇ ਖੇਤਾਂ ਵਿੱਚ ਪਰਾਲੀ ਨਾੜ ਅਤੇ ਫਸਲਾਂ ਦੀ ਰਹਿੰਦ-ਖੂੰਹਦ ਨਾ ਸਾੜਨ।
- ਨੈਸ਼ਨਲ ਗਰੀਨ ਟ੍ਰਿਬਿਊਨਲ ਜਾਂ ਸਾਇੰਸ, ਤਕਨਾਲੋਜੀ ਤੇ ਵਾਤਾਵਰਣ ਵਿਭਾਗ ਦੇ ਹੁਕਮਾਂ ਦੀ ਉਲੰਘਣਾ ਵਿੱਚ ਜੇਕਰ ਕਿਤੇ ਪਰਾਲੀ ਨਾੜ ਅਤੇ ਫਸਲ ਦੀ ਰਹਿੰਦ-ਖੂੰਹਦ ਸਾੜੀ ਜਾ ਰਹੀ ਹੋਵੇ ਤਾਂ ਕਰਮਚਾਰੀ ਸਬੰਧਤ ਅਥਾਰਿਟੀਆਂ ਦੇ ਧਿਆਨ ਵਿੱਚ ਲਿਆਵੇ।

3.0 ਇਨ੍ਹਾਂ ਹਦਾਇਤਾਂ ਦੀ ਉਲੰਘਣਾ ਕਰਨ ਵਾਲੇ ਕਰਮਚਾਰੀ/ਅਧਿਆਪਕ ਵਿਰੁੱਧ ਨਿਯਮਾਂ ਅਨੁਸਾਰ ਅਨੁਸਾਸ਼ਨੀ ਕਾਰਵਾਈ ਆਰੰਭੀ ਜਾਵੇਗੀ।

4.0 ਉਪਰੋਕਤ ਹਦਾਇਤਾਂ ਦੀ ਇੰਨਬਿੰਨ ਪਾਲਣਾ ਯਕੀਨੀ ਬਣਾਈ ਜਾਵੇ-

**ਅਮਨਿੰਦਰ ਕੌਰ, ਪੀ.ਸੀ.ਐਸ**
**ਡਾਇਰੈਕਟਰ,**
**ਐਸ.ਸੀ.ਈ.ਆਰ.ਟੀ.ਪੰਜਾਬ**

ਮਿਤੀ-29.07.2024

ਪਿੱਠ ਅੰਕਣ ਨੰ:ਉਕਤ

ਇਸ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ :-

1 ਪੀ.ਏ ਟੂ ਸੱਕਤਰ ਸਕੂਲ ਸਿੱਖਿਆ,ਪੰਜਾਬ ।
2 ਪੀ.ਏ ਟੂ ਡੀ.ਜੀ.ਐਸ.ਈ, ਪੰਜਾਬ ।
3 ਪੀ.ਏ ਟੂ ਡੀ.ਪੀ.ਆਈ(ਸੈ.ਸਿ/ ਐ.ਸਿ)।
4 ਸਮੂਹ ਸਕੂਲ ਮੁਖੀ।

**ਸਹਾਇਕ ਡਾਇਰੈਕਟਰ**
**ਐਸ.ਸੀ.ਈ.ਆਰ.ਟੀ.ਪੰਜਾਬ**

**ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਬਠਿੰਡਾ**
ਪਿਠ ਅੰਕਣ ਨੰ :ਜੀ-1/1 ( )2024/ 10072 ਮਿਤੀ: 02/08/24
ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁਖੀਆਂ ਨੂੰ , ਭੇਜਕੇ ਲਿਖਿਆ ਜਾਂਦਾ ਹੈ ਕਿ ਉਕਤ ਪੱਤਰ ਅਨੁਸਾਰ ਦਰਜ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ ।

ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.)
ਬਠਿੰਡਾ